ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
ਅਧਿਸੂਚਨਾ

ਮਿਤੀ,ਚੰਡੀਗੜ੍ਹ:02.12.2016

ਨੰ:16/38(20)/2016-5ਸਸ3/2634 ਜਿਵੇਂ ਕਿ ਨਗਰ ਕੌਂਸਲ, ਮੁਕੇਰੀਆਂ, ਜਿਲ੍ਹਾ ਹੁਸਿਆਰਪੁਰ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956)" ਦੀ ਧਾਰਾ 07 ਅਧੀਨ ਆਪਣੇ ਮਤਾ ਨੰ:84 ਮਿਤੀ:10-09-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਤ ਕਰਵਾ ਕੇ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ। ਜਿਸ ਸਬੰਧੀ 4 ਇਤਰਾਜ ਪ੍ਰਾਪਤ ਹੋਏ ਸਨ। ਗਾਊ ਧੰਨ ਦੀ ਰੱਖਿਆਂ ਅਤੇ ਪਬਲਿਕ ਹਿੱਤਾਂ ਨੂੰ ਮੁੱਖ ਰੱਖਦਿਆਂ ਹੋਇਆ ਸਾਰੇ ਇਤਰਾਜ ਖਾਰਜ਼ ਕਰਦੇ ਹੋਏ ਨਗਰ ਕੌਂਸਲ, ਮੁਕੇਰੀਆਂ, ਜਿਲ੍ਹਾ ਹੁਸਿਆਰਪੁਰ ਵੱਲੋ ਆਪਣੇ ਮਤਾ ਨੰ:124 ਮਿਤੀ 28-12-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956)" ਦੀ ਧਾਰਾ 07 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸ਼ਲ, ਮੁਕੇਰੀਆਂ, ਜਿਲ੍ਹਾ ਹੁਸਿਆਰਪੁਰ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਂ | ਪ੍ਰਤੀ ਆਈਟਮ ਸੈਸ | ਕੁਲੈਕਟਿੰਗ ਏਜੰਸੀ ਦੇ ਨਾਮ |
|---|---|---|---|
| 1 | ਫੋਰ ਵ੍ਹੀਲਰ ਗੱਡੀ (ਪ੍ਰਤੀ ਵਹੀਕਲ ਦੀ ਵਿੱਕਰੀ ਤੇ) | 500 ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਹੁਸ਼ਿਆਰਪੁਰ |
| 2 | ਦੋ ਵ੍ਹੀਲਰ (ਪ੍ਰਤੀ ਵਹੀਕਲ ਦੀ ਵਿੱਕਰੀ ਤੇ) | 200 ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਹੁਸ਼ਿਆਰਪੁਰ |
| 3 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਕਾਰਜਕਾਰੀ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਮੁਕੇਰੀਆਂ |
| 4 | ਸਰਾਬ ਦੇਸੀ ਪ੍ਰਤੀ ਬੋਤਲ | 5 ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਹੁਸਿਆਰਪੁਰ |
| 5 | ਸਰਾਬ ਅੰਗਰੇਜ਼ੀ ਪ੍ਰਤੀ ਬੋਤਲ | 10 ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਹੁਸਿਆਰਪੁਰ |
| 6 | ਬੀਅਰ ਪ੍ਰਤੀ ਬੋਤਲ | 5 ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਹੁਸਿਆਰਪੁਰ |
| 7 | ਮੈਰਿਜ ਪੈਲੇਸ (ਪ੍ਰਤੀ ਫੰਕਸ਼ਨ) | 500 ਰੁਪਏ | ਨਗਰ ਕੌਂਸਲ, ਮੁਕੇਰੀਆਂ |

3. ਲੜੀ ਨੰ: 4, 5 ਅਤੇ 6 ਤੇ ਫੀਸ (ਕਾਓ ਸੈਸ) ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ, ਚੰਡੀਗੜ੍ਹ:
28.11.2016

ਸਤੀਸ਼ ਚੰਦਰਾ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/38(20)/2016-5ਸਸ3/2635 ਮਿਤੀ, ਚੰਡੀਗੜ੍ਹ:02.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/38(20)/2016-5ਸਸ3/2636 ਮਿਤੀ ਚੰਡੀਗੜ੍ਹ:02.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ, ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ।
11 ਉਪ-ਮੰਡਲ ਮੈਜਿਸਟਰੇਟ, ਮੁਕੇਰੀਆਂ।
12 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਜਲੰਧਰ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ ਮੁਕੇਰੀਆਂ, ਜਿਲ੍ਹਾ ਹੁਸਿਆਰਪੁਰ
14 ਜਿਲ੍ਹਾ ਟਰਾਂਸਪੋਰਟ ਅਫਸਰ, ਹੁਸ਼ਿਆਰਪੁਰ
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ,ਚੰਡੀਗੜ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਹੁਸ਼ਿਆਰਪੁਰ।
18 ਕਾਰਜਕਾਰੀ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਮੁਕੇਰੀਆਂ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ